ਰਾਗੁ ਆਸਾਵਰੀ ਘਰੁ ੧੬ ਕੇ ੨ ਮਹਲਾ ੪ ਸੁਧੰਗ ੴ ਸਤਿਗੁਰ ਪ੍ਰਸਾਦਿ ॥ ਹਉ ਅਨਦਿਨੁ ਹਰਿ ਨਾਮੁ ਕੀਰਤਨੁ ਕਰਉ ॥ ਸਤਿਗੁਰਿ ਮੋ ਕਉ ਹਰਿ ਨਾਮੁ ਬਤਾਇਆ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ॥੧॥ ਰਹਾਉ ॥ ਹਮਰੈ ਸ੍ਰਵਣੁ ਸਿਮਰਨੁ ਹਰਿ ਕੀਰਤਨੁ ਹਉ ਹਰਿ ਬਿਨੁ ਰਹਿ ਨ ਸਕਉ ਹਉ ਇਕੁ ਖਿਨੁ ॥ ਜੈਸੇ ਹੰਸੁ ਸਰਵਰ ਬਿਨੁ ਰਹਿ ਨ ਸਕੈ ਤੈਸੇ ਹਰਿ ਜਨੁ ਕਿਉ ਰਹੈ ਹਰਿ ਸੇਵਾ ਬਿਨੁ ॥੧॥ ਕਿਨਹੂੰ ਪ੍ਰੀਤਿ ਲਾਈ ਦੂਜਾ ਭਾਉ ਰਿਦ ਧਾਰਿ ਕਿਨਹੂੰ ਪ੍ਰੀਤਿ ਲਾਈ ਮੋਹ ਅਪਮਾਨ ॥ ਹਰਿ ਜਨ ਪ੍ਰੀਤਿ ਲਾਈ ਹਰਿ ਨਿਰਬਾਣ ਪਦ ਨਾਨਕ ਸਿਮਰਤ ਹਰਿ ਹਰਿ ਭਗਵਾਨ ॥੨॥੧੪॥੬੬॥ {ਪੰਨਾ 369}

ਨੋਟ—ਘਰੁ 16 ਕੇ 2—ਸੋਲ੍ਹਵੇਂ ਘਰ ਦੇ ਦੋ ਸ਼ਬਦ। ਸੁਧੰਗ—ਸੁੱਧ ਸੁਰਾਂ ਵਾਲੀ।

ਪਦਅਰਥ:- ਹਉ—ਮੈਂ। ਅਨਦਿਨੁ—ਹਰ ਰੋਜ਼। ਕਰਉ—ਕਰਦਾ ਹਾਂ, ਕਰਉਂ। ਸਤਿਗੁਰਿ—ਸਤਿਗੁਰੂ ਨੇ। ਮੋ ਕਉ—ਮੈਨੂੰ। ਰਹਿ ਨ ਸਕਉ—ਮੈਂ ਰਹਿ ਨਹੀਂ ਸਕਦਾ।1। ਰਹਾਉ।

ਹਮਰੈ—ਮੇਰੇ ਪਾਸ। ਸ੍ਰਵਣੁ—ਸੁਣਨ।1।

ਕਿਨ ਹੂੰ—ਕਿਸੇ ਨੇ। ਦੂਜਾ ਭਾਉ—ਪ੍ਰਭੂ ਤੋਂ ਬਿਨਾ ਕੋਈ ਹੋਰ ਪਿਆਰ। ਰਿਦ—ਹਿਰਦੇ ਵਿਚ। ਧਾਰਿ—ਧਾਰ ਕੇ। ਅਪਮਾਨ—ਅਭਿਮਾਨ, ਅਹੰਕਾਰ। ਨਿਰਬਾਣ ਪਦ—ਵਾਸ਼ਨਾ-ਰਹਿਤ ਅਵਸਥਾ।2।

ਅਰਥ:- (ਹੇ ਭਾਈ! ਜਦੋਂ ਦੀ) ਗੁਰੂ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦੱਸ ਪਾਈ ਹੈ (ਤਦੋਂ ਤੋਂ) ਮੈਂ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਕ ਘੜੀ ਪਲ ਭੀ ਨਹੀਂ ਰਹਿ ਸਕਦਾ। ਮੈਂ ਹਰ ਵੇਲੇ ਪਰਮਾਤਮਾ ਦਾ ਨਾਮ ਜਪਦਾ ਹਾਂ, ਮੈਂ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹਾਂ।1। ਰਹਾਉ।

(ਹੇ ਭਾਈ!) ਮੇਰੇ ਪਾਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੀ ਤੇ ਪਰਮਾਤਮਾ ਦਾ ਨਾਮ ਜਪਣਾ ਹੀ (ਰਾਸ-ਪੂੰਜੀ) ਹੈ, ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਮੈਂ ਇਕ ਪਲ ਭੀ ਨਹੀਂ ਰਹਿ ਸਕਦਾ। ਜਿਵੇਂ ਹੰਸ ਸਰੋਵਰ ਤੋਂ ਬਿਨਾ ਨਹੀਂ ਰਹਿ ਸਕਦਾ ਤਿਵੇਂ ਪਰਮਾਤਮਾ ਦਾ ਭਗਤ ਪਰਮਾਤਮਾ ਦੀ ਸੇਵਾ-ਭਗਤੀ ਤੋਂ ਬਿਨਾ ਨਹੀਂ ਰਹਿ ਸਕਦਾ।1।

(ਹੇ ਭਾਈ!) ਕਿਸੇ ਮਨੁੱਖ ਨੇ ਮਾਇਆ ਦਾ ਪਿਆਰ ਹਿਰਦੇ ਵਿਚ ਟਿਕਾ ਕੇ ਮਾਇਆ ਨਾਲ ਪ੍ਰੀਤ ਜੋੜੀ ਹੋਈ ਹੈ, ਕਿਸੇ ਨੇ ਮੋਹ ਤੇ ਅਹੰਕਾਰ ਨਾਲ ਪ੍ਰੀਤ ਜੋੜੀ ਹੋਈ ਹੈ, ਪਰ ਹੇ ਨਾਨਕ! ਪਰਮਾਤਮਾ ਦੇ ਭਗਤਾਂ ਨੇ ਪਰਮਾਤਮਾ ਨਾਲ ਪ੍ਰੀਤ ਲਾਈ ਹੋਈ ਹੈ। ਉਹ ਸਦਾ ਵਾਸ਼ਨਾ-ਰਹਿਤ ਅਵਸਥਾ ਮਾਣਦੇ ਹਨ, ਉਹ ਸਦਾ ਹਰਿ-ਭਗਵਾਨ ਨੂੰ ਸਿਮਰਦੇ ਰਹਿੰਦੇ ਹਨ।2।14। 66।